ਗਉੜੀ ਮਹਲਾ ੫ ॥ ਨੇਤ੍ਰ ਪ੍ਰਗਾਸੁ ਕੀਆ ਗੁਰਦੇਵ ॥ ਭਰਮ ਗਏ ਪੂਰਨ ਭਈ ਸੇਵ ॥੧॥ ਰਹਾਉ ॥ ਸੀਤਲਾ ਤੇ ਰਖਿਆ ਬਿਹਾਰੀ ॥ ਪਾਰਬ੍ਰਹਮ ਪ੍ਰਭ ਕਿਰਪਾ ਧਾਰੀ ॥੧॥ ਨਾਨਕ ਨਾਮੁ ਜਪੈ ਸੋ ਜੀਵੈ ॥ ਸਾਧਸੰਗਿ ਹਰਿ ਅੰਮ੍ਰਿਤੁ ਪੀਵੈ ॥੨॥੧੦੩॥੧੭੨॥ {ਪੰਨਾ 200}

ਪਦਅਰਥ:- ਪ੍ਰਗਾਸੁ—ਚਾਨਣ। ਗੁਰਦੇਵ—ਹੇ ਗੁਰਦੇਵ!।1। ਰਹਾਉ।

ਸੀਤਲਾ—ਮਾਤਾ ਦਾ ਰੋਗ, ਚੀਚਕ। ਤੇ—ਤੋਂ। ਰਖਿਆ—ਬਚਾਇਆ। ਬਿਹਾਰੀ—{ivhwirn`} ਹੇ ਸੁੰਦਰ ਪ੍ਰਭੂ! ਕਿਰਪਾ ਧਾਰੀ—ਕਿਰਪਾ ਧਾਰ ਕੇ।1।

ਜੀਵੈ—ਆਤਮਕ ਜੀਵਨ ਹਾਸਲ ਕਰਦਾ ਹੈ। ਸਾਧ ਸੰਗਿ—ਸਾਧ ਸੰਗਤਿ ਵਿਚ।2।

ਅਰਥ:- ਹੇ ਗੁਰਦੇਵ! ਜਿਸ ਮਨੁੱਖ ਦੀਆਂ (ਆਤਮਕ) ਅੱਖਾਂ ਨੂੰ ਤੂੰ (ਗਿਆਨ ਦਾ) ਚਾਨਣ ਬਖ਼ਸ਼ਿਆ, ਉਸ ਦੇ ਸਾਰੇ ਵਹਮ (ਥਾਂ ਥਾਂ ਦੇ ਭਟਕਣ) ਦੂਰ ਹੋ ਗਏ, ਤੇਰੇ ਦਰ ਤੇ ਟਿਕ ਕੇ ਕੀਤੀ ਹੋਈ ਉਸ ਦੀ) ਸੇਵਾ ਸਿਰੇ ਚੜ੍ਹ ਗਈ।1। ਰਹਾਉ।

ਹੇ ਸੁੰਦਰ ਸਰੂਪ! ਹੇ ਪਾਰਬ੍ਰਹਮ! ਹੇ ਪ੍ਰਭੂ! ਤੂੰ ਹੀ ਕਿਰਪਾ ਕਰ ਕੇ ਸੀਤਲਾ ਤੋਂ ਬਚਾਇਆ ਹੈ (ਹੋਰ ਕੋਈ ਦੇਵੀ ਆਦਿਕ ਤੇਰੇ ਬਰਾਬਰ ਦੀ ਨਹੀਂ ਹੈ) {ਨੋਟ:- ਸੰਨ 1594 ਤੋਂ 1599 ਤਕ ਮਾਝੇ ਵਿਚ ਸਖ਼ਤ ਕਾਲ ਪਿਆ ਰਿਹਾ। ਸੀਤਲਾ ਆਦਿਕ ਬੀਮਾਰੀਆਂ ਦਾ ਭੀ ਜ਼ੋਰ ਪੈ ਗਿਆ। ਗੁਰੂ ਹਰਿਗੋਬਿੰਦ ਸਾਹਿਬ ਦਾ ਜਨਮ ਸੰਨ 1595 ਵਿਚ ਹੋਇਆ ਸੀ। ਗੁਰੂ ਅਰਜਨ ਸਾਹਿਬ ਭੁੱਖੇ ਰੋਗ-ਪੀੜਤਾਂ ਦੀ ਸਹਾਇਤਾ ਕਰਨ ਵਾਸਤੇ ਚਾਰ ਪੰਜ ਸਾਲ ਮਾਝੇ ਦੇ ਪਿੰਡਾਂ ਵਿਚ, ਫਿਰ ਲਾਹੌਰ ਸ਼ਹਰ ਵਿਚ ਭੀ, ਵਿਚਰਦੇ ਰਹੇ। ਬਾਲਕ ਗੁਰੂ ਹਰਿਗੋਬਿੰਦ ਸਾਹਿਬ ਨੂੰ ਭੀ ਆਪਣੇ ਨਾਲ ਹੀ ਰੱਖਣ ਦੀ ਆਵੱਸ਼ਕਤਾ ਬਣੀ ਰਹੀ, ਕਿਉਂਕਿ ਬਾਬਾ ਪ੍ਰਿਥੀ ਚੰਦ ਜੀ ਉਹਨਾਂ ਦੀ ਜਾਨ ਦੇ ਲਾਗੂ ਸਨ। ਚੀਚਕ ਵਾਲੇ ਇਲਾਕੇ ਵਿਚ ਫਿਰਨ ਕਰਕੇ ਅੰਮ੍ਰਿਤਸਰ ਵਾਪਸ ਆਉਣ ਤੇ ਗੁਰੂ ਹਰਿਗੋਬਿੰਦ ਸਾਹਿਬ ਨੂੰ ਮਾਤਾ ਨਿਕਲ ਆਈ। ਵਹਮਣ ਭਰਮਣ ਇਸਤ੍ਰੀਆਂ ਆ ਆ ਕੇ ਸੀਤਲਾ ਦੇਵੀ ਦੀ ਪੂਜਾ ਵਾਸਤੇ ਪ੍ਰੇਰਨਾ ਕਰਦੀਆਂ ਰਹੀਆਂ। ਇਸ ਭਰਮ-ਵਹਮ ਤੋਂ ਸਦਾ ਲਈ ਬਚਣ ਵਾਸਤੇ ਗੁਰੂ ਅਰਜਨ ਸਾਹਿਬ ਨੇ ਇਸ ਸ਼ਬਦ ਦੀ ਰਾਹੀਂ ਉਪਦੇਸ਼ ਕੀਤਾ ਹੈ}।1।

ਹੇ ਨਾਨਕ! (ਆਖ—ਹੇ ਭਾਈ!) ਜੇਹੜਾ ਮਨੁੱਖ (ਹੋਰ ਸਾਰੇ ਆਸਰੇ ਛੱਡ ਕੇ) ਪਰਮਾਤਮਾ ਦਾ ਨਾਮ ਜਪਦਾ ਹੈ, ਉਹ ਆਤਮਕ ਜੀਵਨ ਹਾਸਲ ਕਰ ਲੈਂਦਾ ਹੈ (ਕਿਉਂਕਿ) ਉਹ ਸਾਧ ਸੰਗਤਿ ਵਿਚ ਰਹਿ ਕੇ ਆਤਮਕ ਜੀਵਨ ਦੇਣ ਵਾਲਾ ਹਰਿ-ਨਾਮ-ਰਸ ਪੀਂਦਾ ਰਹਿੰਦਾ ਹੈ।2। 103। 172।